ਮਲਾਰ ਮਹਲਾ ੩ ਚਉਪਦੇ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਨਿਰੰਕਾਰੁ ਆਕਾਰੁ ਹੈ ਆਪੇ ਆਪੇ ਭਰਮਿ ਭੁਲਾਏ ॥ ਕਰਿ ਕਰਿ ਕਰਤਾ ਆਪੇ ਵੇਖੈ ਜਿਤੁ ਭਾਵੈ ਤਿਤੁ ਲਾਏ ॥ ਸੇਵਕ ਕਉ ਏਹਾ ਵਡਿਆਈ ਜਾ ਕਉ ਹੁਕਮੁ ਮਨਾਏ ॥੧॥ ਆਪਣਾ ਭਾਣਾ ਆਪੇ ਜਾਣੈ ਗੁਰ ਕਿਰਪਾ ਤੇ ਲਹੀਐ ॥ ਏਹਾ ਸਕਤਿ ਸਿਵੈ ਘਰਿ ਆਵੈ ਜੀਵਦਿਆ ਮਰਿ ਰਹੀਐ ॥੧॥ ਰਹਾਉ ॥ ਵੇਦ ਪੜੈ ਪੜਿ ਵਾਦੁ ਵਖਾਣੈ ਬ੍ਰਹਮਾ ਬਿਸਨੁ ਮਹੇਸਾ ॥ ਏਹ ਤ੍ਰਿਗੁਣ ਮਾਇਆ ਜਿਨਿ ਜਗਤੁ ਭੁਲਾਇਆ ਜਨਮ ਮਰਣ ਕਾ ਸਹਸਾ ॥ ਗੁਰ ਪਰਸਾਦੀ ਏਕੋ ਜਾਣੈ ਚੂਕੈ ਮਨਹੁ ਅੰਦੇਸਾ ॥੨॥ {ਪੰਨਾ 1257}

ਪਦ ਅਰਥ:- ਨਿਰੰਕਾਰੁ—(ਨਿਰ-ਆਕਾਰ) ਜਿਸ ਦਾ ਕੋਈ ਖ਼ਾਸ ਸਰੂਪ ਨਹੀਂ। ਆਕਾਰੁ—ਇਹ ਦਿੱਸਦਾ ਜਗਤ। ਆਪੇ—ਆਪ ਹੀ। ਭਰਮਿ—ਭਟਕਣਾ ਵਿਚ (ਪਾ ਕੇ)। ਭੁਲਾਏ—ਕੁਰਾਹੇ ਪਾ ਦੇਂਦਾ ਹੈ। ਕਰਿ—ਕਰ ਕੇ। ਕਰਤਾ—ਕਰਤਾਰ। ਜਿਤੁ—ਜਿਸ (ਕੰਮ) ਵਿਚ। ਭਾਵੈ—(ਉਸ ਨੂੰ) ਚੰਗਾ ਲੱਗਦਾ ਹੈ। ਤਿਤੁ—ਉਸ (ਕੰਮ) ਵਿਚ। ਵਡਿਆਈ—ਇੱਜ਼ਤ। ਜਾ ਕਉ—ਜਿਸ (ਸੇਵਕ) ਨੂੰ।1।

ਭਾਣਾ—ਰਜ਼ਾ। ਤੇ—ਤੋਂ, ਦੀ ਰਾਹੀਂ। ਲਹੀਐ—ਲੱਭੀਦਾ ਹੈ, ਸਮਝੀਦਾ ਹੈ। ਸਕਤਿ—ਮਾਇਆ, ਮਾਇਆ ਵਾਲੀ ਬ੍ਰਿਤੀ। ਸਿਵੈ ਘਰਿ—ਸ਼ਿਵ ਦੇ ਘਰ ਵਿਚ, ਪ੍ਰਭੂ ਵਾਲੇ ਪਾਸੇ। ਮਰਿ ਰਹੀਐ—ਆਪਾ-ਭਾਵ ਵਲੋਂ ਮਰ ਜਾਈਦਾ ਹੈ, ਆਪਣੇ ਅੰਦਰੋਂ ਆਪਾ-ਭਾਵ ਮੁਕਾ ਲਈਦਾ ਹੈ।1। ਰਹਾਉ।

ਪੜੈ—(ਪੰਡਿਤ) ਪੜ੍ਹਦਾ ਹੈ (ਇਕ-ਵਚਨ)। ਪੜਿ—ਪੜ੍ਹ ਕੇ। ਵਾਦੁ—ਚਰਚਾ, ਕਥਾ-ਕਹਾਣੀ। ਵਖਾਣੈ—ਆਖਦਾ ਹੈ, ਸੁਣਾਂਦਾ ਹੈ। ਮਹੇਸਾ—ਸ਼ਿਵ। ਤ੍ਰਿਗੁਣ ਮਾਇਆ—(ਰਜੋ ਤਮੋ ਸਤੋ) ਤਿੰਨ ਗੁਣਾਂ ਵਾਲੀ ਮਾਇਆ। ਜਿਨਿ—ਜਿਸ (ਮਾਇਆ) ਨੇ। ਸਹਸਾ—ਸਹਿਮ, ਖ਼ਤਰਾ। ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ। ਜਾਣੈ—ਸਾਂਝ ਪਾਂਦਾ ਹੈ। ਮਨਹੁ—ਮਨ ਤੋਂ। ਅੰਦੇਸਾ—ਫ਼ਿਕਰ।2।

ਅਰਥ:- ਹੇ ਭਾਈ! (ਪਰਮਾਤਮਾ) ਆਪ ਹੀ ਆਪਣੀ ਮਰਜ਼ੀ ਜਾਣਦਾ ਹੈ, (ਉਸ ਦੀ ਰਜ਼ਾ ਨੂੰ) ਗੁਰੂ ਦੀ ਮਿਹਰ ਨਾਲ ਸਮਝਿਆ ਜਾ ਸਕਦਾ ਹੈ। (ਜਦੋਂ ਪ੍ਰਭੂ ਦੀ ਰਜ਼ਾ ਦੀ ਸਮਝ ਆ ਜਾਂਦੀ ਹੈ, ਤਦੋਂ) ਇਹ ਮਾਇਆ ਵਾਲੀ ਬ੍ਰਿਤੀ ਪਰਮਾਤਮਾ (ਦੇ ਚਰਨਾਂ) ਵਿਚ ਜੁੜਦੀ ਹੈ, ਅਤੇ ਦੁਨੀਆ ਦੀ ਕਿਰਤ-ਕਾਰ ਕਰਦਿਆਂ ਹੀ ਆਪਣੇ ਅੰਦਰੋਂ ਆਪਾ-ਭਾਵ ਮੁਕਾ ਲਈਦਾ ਹੈ।1। ਰਹਾਉ।

ਹੇ ਭਾਈ! ਇਹ ਸਾਰਾ ਦਿੱਸਦਾ ਸੰਸਾਰ ਨਿਰੰਕਾਰ ਆਪ ਹੀ ਆਪ ਹੈ (ਪਰਮਾਤਮਾ ਦਾ ਆਪਣਾ ਹੀ ਸਰੂਪ ਹੈ)। ਪਰਮਾਤਮਾ ਆਪ ਹੀ (ਜੀਵਾਂ ਨੂੰ) ਭਟਕਣਾ ਦੀ ਰਾਹੀਂ ਕੁਰਾਹੇ ਪਾਂਦਾ ਹੈ। (ਸਾਰੇ ਕੰਮ) ਕਰ ਕਰ ਕੇ ਕਰਤਾਰ ਆਪ ਹੀ (ਉਹਨਾਂ ਕੰਮਾਂ ਨੂੰ) ਵੇਖਦਾ ਹੈ। ਜਿਸ (ਕੰਮ) ਵਿਚ ਉਸ ਦੀ ਰਜ਼ਾ ਹੁੰਦੀ ਹੈ (ਹਰੇਕ ਜੀਵ ਨੂੰ) ਉਸ (ਕੰਮ) ਵਿਚ ਲਾਂਦਾ ਹੈ। ਜਿਸ ਸੇਵਕ ਪਾਸੋਂ ਆਪਣਾ ਹੁਕਮ ਮਨਾਂਦਾ ਹੈ (ਹੁਕਮ ਮਿੱਠਾ ਲਾਂਦਾ ਹੈ, ਹੁਕਮ ਵਿਚ ਤੋਰਦਾ ਹੈ), ਉਸ ਨੂੰ ਉਹ ਇਹੀ ਇੱਜ਼ਤ ਬਖ਼ਸ਼ਦਾ ਹੈ।1।

(ਪਰ, ਹੇ ਭਾਈ! ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਰਜ਼ਾ ਨੂੰ ਸਮਝਣ ਦੇ ਥਾਂ, ਪੰਡਿਤ ਨਿਰੇ) ਵੇਦ (ਹੀ) ਪੜ੍ਹਦਾ ਰਹਿੰਦਾ ਹੈ, ਤੇ, ਪੜ੍ਹ ਕੇ (ਉਹਨਾਂ ਦੀ) ਚਰਚਾ ਹੀ (ਹੋਰਨਾਂ ਨੂੰ) ਸੁਣਾਂਦਾ ਰਹਿੰਦਾ ਹੈ; ਬ੍ਰਹਮਾ ਵਿਸ਼ਨੂੰ ਸ਼ਿਵ (ਆਦਿਕ ਦੇਵਤਿਆਂ ਦੀਆਂ ਕਥਾ-ਕਹਾਣੀਆਂ ਹੀ ਸੁਣਾਂਦਾ ਰਹਿੰਦਾ ਹੈ। ਇਸ ਦਾ ਸਿੱਟਾ ਇਹ ਹੁੰਦਾ ਹੈ ਕਿ) ਇਹ ਤ੍ਰਿਗੁਣੀ ਮਾਇਆ ਜਿਸ ਨੇ ਸਾਰੇ ਜਗਤ ਨੂੰ ਕੁਰਾਹੇ ਪਾ ਰਖਿਆ ਹੈ (ਉਸ ਦੇ ਅੰਦਰ) ਜੰਮਣ ਮਰਨ (ਦੇ ਗੇੜ) ਦਾ ਸਹਿਮ ਬਣਾਈ ਰੱਖਦੀ ਹੈ। ਹਾਂ, ਜਿਹੜਾ ਮਨੁੱਖ (ਗੁਰੂ ਦੀ ਸਰਨ ਆ ਕੇ) ਗੁਰੂ ਦੀ ਮਿਹਰ ਨਾਲ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ, ਉਸ ਦੇ ਮਨ ਵਿਚੋਂ (ਹਰੇਕ) ਫ਼ਿਕਰ ਦੂਰ ਹੋ ਜਾਂਦਾ ਹੈ।2।

ਹਮ ਦੀਨ ਮੂਰਖ ਅਵੀਚਾਰੀ ਤੁਮ ਚਿੰਤਾ ਕਰਹੁ ਹਮਾਰੀ ॥ ਹੋਹੁ ਦਇਆਲ ਕਰਿ ਦਾਸੁ ਦਾਸਾ ਕਾ ਸੇਵਾ ਕਰੀ ਤੁਮਾਰੀ ॥ ਏਕੁ ਨਿਧਾਨੁ ਦੇਹਿ ਤੂ ਅਪਣਾ ਅਹਿਨਿਸਿ ਨਾਮੁ ਵਖਾਣੀ ॥੩॥ ਕਹਤ ਨਾਨਕੁ ਗੁਰ ਪਰਸਾਦੀ ਬੂਝਹੁ ਕੋਈ ਐਸਾ ਕਰੇ ਵੀਚਾਰਾ ॥ ਜਿਉ ਜਲ ਊਪਰਿ ਫੇਨੁ ਬੁਦਬੁਦਾ ਤੈਸਾ ਇਹੁ ਸੰਸਾਰਾ ॥ ਜਿਸ ਤੇ ਹੋਆ ਤਿਸਹਿ ਸਮਾਣਾ ਚੂਕਿ ਗਇਆ ਪਾਸਾਰਾ ॥੪॥੧॥ {ਪੰਨਾ 1257}

ਪਦ ਅਰਥ:- ਹਮ—ਅਸੀਂ ਜੀਵ। ਦੀਨ—ਗ਼ਰੀਬ, ਨਿਮਾਣੇ। ਅਵੀਚਾਰੀ—ਵਿਚਾਰ ਤੋਂ ਸੱਖਣੇ, ਬੇ-ਸਮਝ। ਚਿੰਤਾ—ਫ਼ਿਕਰ, ਧਿਆਨ। ਕਰਿ—ਬਣਾ ਲੈ। ਕਰੀ—ਕਰੀਂ, ਮੈਂ ਕਰਦਾ ਰਹਾਂ। ਸੇਵਾ—ਭਗਤੀ। ਨਿਧਾਨੁ—ਖ਼ਜ਼ਾਨਾ। ਅਹਿ—ਦਿਨ। ਨਿਸਿ—ਰਾਤ। ਵਖਾਣੀ—ਵਖਾਣੀਂ, ਮੈਂ ਉਚਾਰਦਾ ਰਹਾਂ।3।

ਕਹਤ—ਆਖਦਾ ਹੈ। ਪਰਸਾਦਿ—ਪਰਸਾਦੀ, ਕਿਰਪਾ ਨਾਲ। ਕਰੇ ਵੀਚਾਰਾ—ਖ਼ਿਆਲ ਬਣਾਂਦਾ ਹੈ। ਫੇਨੁ—ਝੱਗ। ਬੁਦਬੁਦਾ—ਬੁਲਬੁਲਾ। ਜਿਸ ਤੇ—(ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ) ਜਿਸ (ਪਰਮਾਤਮਾ) ਤੋਂ। ਤਿਸਹਿ—(ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ) ਉਸ ਵਿਚ ਹੀ। ਪਾਸਾਰਾ—ਖਿਲਾਰਾ। ਚੂਕਿ ਗਇਆ—ਮੁੱਕ ਜਾਂਦਾ ਹੈ।4।1।

ਅਰਥ:- ਹੇ ਪ੍ਰਭੂ! ਅਸੀਂ ਜੀਵ ਨਿਮਾਣੇ ਮੂਰਖ ਬੇ-ਸਮਝ ਹਾਂ, ਤੂੰ ਆਪ ਹੀ ਸਾਡਾ ਧਿਆਨ ਰੱਖਿਆ ਕਰ। ਹੇ ਪ੍ਰਭੂ! (ਮੇਰੇ ਉਤੇ) ਦਇਆਵਾਨ ਹੋ, (ਮੈਨੂੰ ਆਪਣੇ) ਦਾਸਾਂ ਦਾ ਦਾਸ ਬਣਾ ਲੈ (ਤਾ ਕਿ) ਮੈਂ ਤੇਰੀ ਭਗਤੀ ਕਰਦਾ ਰਹਾਂ। ਹੇ ਪ੍ਰਭੂ! ਤੂੰ ਮੈਨੂੰ ਆਪਣਾ ਨਾਮ-ਖ਼ਜ਼ਾਨਾ ਦੇਹ, ਮੈਂ ਦਿਨ ਰਾਤ (ਤੇਰਾ) ਨਾਮ ਜਪਦਾ ਰਹਾਂ।3।

ਨਾਨਕ ਆਖਦਾ ਹੈ—ਹੇ ਭਾਈ! ਤੁਸੀ ਗੁਰੂ ਦੀ ਕਿਰਪਾ ਨਾਲ ਹੀ (ਸਹੀ ਜੀਵਨ-ਰਾਹ) ਸਮਝ ਸਕਦੇ ਹੋ। (ਜਿਹੜਾ ਮਨੁੱਖ ਸਮਝਦਾ ਹੈ, ਉਹ ਜਗਤ ਬਾਰੇ ਆਪਣੇ) ਖ਼ਿਆਲ ਇਉਂ ਬਣਾਂਦਾ ਹੈ ਕਿ ਜਿਵੇਂ ਪਾਣੀ ਉੱਤੇ ਝੱਗ ਹੈ ਬੁਲਬੁਲਾ ਹੈ (ਜੋ ਝਬਦੇ ਹੀ ਮਿਟ ਜਾਂਦਾ ਹੈ) ਤਿਵੇਂ ਇਹ ਜਗਤ ਹੈ। ਜਿਸ (ਪਰਮਾਤਮਾ) ਤੋਂ (ਜਗਤ) ਪੈਦਾ ਹੁੰਦਾ ਹੈ (ਜਦੋਂ) ਉਸ ਵਿਚ ਹੀ ਲੀਨ ਹੋ ਜਾਂਦਾ ਹੈ, ਤਾਂ ਇਹ ਸਾਰਾ ਜਗਤ-ਖਿਲਾਰਾ ਮੁੱਕ ਜਾਂਦਾ ਹੈ।4।1।